# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-03-2025**

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਅੱਜ ਤੋਂ ਹਰਿਆਣਾ ਅਤੇ ਪੰਜਾਬ ਦੇ ਤਿੰਨ ਦਿਨਾਂ ਦੌਰੇ 'ਤੇ ਨੇ। ਆਪਣੀ ਯਾਤਰਾ ਦੇ ਪਹਿਲੇ ਦਿਨ ਰਾਸ਼ਟਰਪਤੀ ਹਿਸਾਰ ਵਿਚ ਗੁਰੂ ਜੰਭੇਸ਼ਵਰ ਵਿਗਿਆਨ ਅਤੇ ਤਕਨੋਲੋਜੀ ਯੂਨੀਵਰਸਿਟੀ ਦੀ ਕਨਵੋਕੇਸ਼ਨ ਵਿਚ ਹਿੱਸਾ ਲੈਣਗੇ। ਬਾਅਦ ਵਿਚ, ਉਹ ਬ੍ਰਹਮਾ ਕੁਮਾਰੀਜ਼ ਦੇ ਗੋਲਡਨ ਜੁਬਲੀ ਸਮਾਗਮ ਮੌਕੇ ਸੂਬਾ ਪੱਧਰੀ ਮੁਹਿੰਮ' ਸੰਪੂਰਨ ਤੰਦਰੁਸਤੀ ਲਈ ਅਧਿਆਤਮਕ ਸਿੱਖਿਆ 'ਦੀ ਸ਼ੁਰੂਆਤ ਕਰਨਗੇ। ਰਾਸ਼ਟਰਪਤੀ ਭਲਕੇ ਪੰਜਾਬ ਕੇਂਦਰੀ ਯੂਨੀਵਰਸਿਟੀ ਅਤੇ ਏਮਜ਼ ਬਠਿੰਡਾ ਦੇ ਕਨਵੋਕੇਸ਼ਨ ਸਮਾਗਮ ਵਿਚ ਹਿੱਸਾ ਲੈਣਗੇ। ਸ਼ਾਮ ਨੂੰ ਉਹ ਮੁਹਾਲੀ ਵਿਚ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਨਾਗਰਿਕ ਸਨਮਾਨ ਸਮਾਰੋਹ ਵਿਚ ਹਿੱਸਾ ਲੈਣਗੇ।

ਰਾਸ਼ਟਰਪਤੀ ਬੁੱਧਵਾਰ ਨੂੰ ਚੰਡੀਗੜ੍ਹ  ਵਿਚ ਪੰਜਾਬ ਯੂਨੀਵਰਸਿਟੀ ਦੀ ਕਨਵੋਕੇਸ਼ਨ ਵਿਚ ਸ਼ਿਰਕਤ ਕਰਨਗੇ।

------------------------------------------------------------

ਪੰਜਾਬ ਪੁਲਿਸ ਨੇ ਟਰਾਂਸ-ਨੈਸ਼ਨਲ ਡਰੱਗ ਮਾਫੀਆ ਸਰਗਨਾ ਸ਼ਹਿਨਾਜ਼ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਮੁਤਾਬਕ ਇਹ ਮੁਲਜ਼ਮ ਅਮਰੀਕਾ ਦੀ ਖੁਫੀਆ ਏਜੰਸੀ, ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (ਐਫਬੀਆਈ) ਨੂੰ ਲੋੜੀਂਦਾ ਸੀ। ਮੁਲਜ਼ਮ ਸ਼ਹਿਨਾਜ਼ ਗਲੋਬਲ ਨਾਰਕੋਟਿਕਸ ਸਿੰਡੀਕੇਟ ਦਾ ਸਰਗਨਾ ਏ ਅਤੇ ਕੋਲੰਬੀਆ ਤੋਂ ਅਮਰੀਕਾ ਤੇ ਕੈਨੇਡਾ ਵਿਚ ਕੋਕੀਨ ਦੀ ਤਸਕਰੀ ਕਰਦਾ ਸੀ। ਪੁਲਿਸ ਮੁਖੀ ਨੇ ਦੱਸਿਆ ਕਿ ਇਹ ਕਾਰਵਾਈ ਲੰਘੀ 26 ਫਰਵਰੀ ਨੂੰ ਅਮਰੀਕਾ ਵਿਚ ਮੁਲਜ਼ਮ ਸ਼ਹਿਨਾਜ਼ ਸਿੰਘ ਦੇ ਚਾਰ ਸਾਥੀਆਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਕੀਤੀ ਗਈ ਏ। ਇਨ੍ਹਾਂ ਦੀ ਪਛਾਣ ਅੰਮ੍ਰਿਤਪਾਲ ਸਿੰਘ, ਤਕਦੀਰ ਸਿੰਘ ਰੋਮੀ, ਸਰਬਸੀਤ ਸਿੰਘ ਸਾਬੀ ਅਤੇ ਫਰਨਾਂਡੋ ਵਾਲਾਡੇਰੇਸ ਉਰਫ ਫ੍ਰਾਂਕੋ ਵਜੋਂ ਹੋਈ ਏ। ਮੁਲਜ਼ਮਾਂ ਦੀਆਂ ਗ੍ਰਿਫ਼ਤਾਰੀਆਂ ਦੌਰਾਨ, ਅਮਰੀਕੀ ਅਧਿਕਾਰੀਆਂ ਨੇ ਇਨ੍ਹਾਂ ਦੇ

ਘਰਾਂ ਵਿੱਚੋਂ 391 ਕਿਲੋਗ੍ਰਾਮ ਮੈਥਾਮਫੇਟਾਮਾਈਨ, 109 ਕਿੱਲੋਗ੍ਰਾਮ ਕੋਕੀਨ ਤੇ ਚਾਰ ਹਥਿਆਰ ਜ਼ਬਤ ਕੀਤੇ ਸਨ। ਕਾਰਵਾਈ ਤੋਂ ਬਾਅਦ, ਸ਼ਹਿਨਾਜ਼ ਫਰਾਰ ਹੋ ਗਿਆ ਤੇ ਭਾਰਤ ਆ ਗਿਆ ਸੀ, ਜਿੱਥੇ ਪੰਜਾਬ ਪੁਲਿਸ ਨੇ ਇਸ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਏ।

----------------------------------------------------

ਕੌਮੀ ਤਿਓਹਾਰ ਹੋਲਾ ਮਹੱਲਾ ਅੱਜ ਸ੍ਰੀ ਕੀਰਤਪੁਰ ਸਾਹਿਬ ਵਿਖੇ ਗੁਰਦੁਆਰਾ ਪਤਾਲਪੁਰੀ ਸਾਹਿਬ ਵਿਚ ਆਰੰਭ ਹੋ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਆਰੰਭ ਕੀਤੇ ਗਏ ਜਿਸ ਦੇ ਭੋਗ 12 ਮਾਰਚ ਨੂੰ ਪਾਏ ਜਾਣਗੇ । ਇਸ ਮੌਕੇ ਆਰੰਭਤਾ ਦੀ ਅਰਦਾਸ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਜੋਗਿੰਦਰ ਸਿੰਘ ਨੇ ਕੀਤੀ। ਉਹਨਾਂ ਨੇ ਹੋਲੇ ਮਹੱਲੇ ਦੀ ਸੰਗਤਾਂ ਨੂੰ ਵਧਾਈ ਦਿੱਤੀ ਤੇ ਇਸ ਤਿਉਹਾਰ ਨੂੰ ਮਨਾਉਣ ਦੀ ਅਪੀਲ ਕਰਦਿਆਂ ਨੌਜਵਾਨਾਂ ਨੂੰ ਖਾਸ ਕਰ ਕੇ ਕਿਹਾ ਕਿ ਉਹ ਮੋਟਰਸਾਈਕਲਾਂ ਅਤੇ ਟਰੈਕਟਰਾਂ ਤੇ ਸਟੰਟ ਨਾ ਕਰਨ। ਓਧਰ, ਸ੍ਰੀ ਅਨੰਦਪੁਰ ਸਾਹਿਬ ਦੇ ਗੁਰੂ ਘਰਾਂ ਨੂੰ ਵੀ ਰੰਗ-ਬਰੰਗੀਆਂ ਰੌਸ਼ਨੀਆਂ ਦੇ ਨਾਲ ਸਜਾਇਆ ਗਿਆ ਏ । ਇਸ ਮੌਕੇ ਰਾਤ

ਦੇ ਦੀਵਾਨ ਸਜਾਏ ਗਏ, ਜਿਸ ਵਿਚ ਗੁਰੂ ਘਰ ਦੇ ਕੀਰਤਨੀਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਪਹਿਲੇ ਤਿੰਨ ਦਿਨ ਅੱਜ, ਭਲਕੇ ਤੇ ਪਰਸੋਂ 12 ਮਾਰਚ ਨੂੰ ਕੀਰਤਪੁਰ ਸਾਹਿਬ ਵਿਚ ਅਤੇ ਬਾਅਦ ਵਿਚ 13, 14 ਤੇ 15 ਮਾਰਚ ਨੂੰ ਅਨੰਦਪੁਰ ਸਾਹਿਬ ਵਿਚ ਹੋਲਾ ਮਹੱਲਾ ਸਬੰਧੀ ਸਮਾਗਮ  ਕੀਤੇ ਜਾਣਗੇ।

---------------------------------------------------------------

ਹੋਲਾ-ਮਹੱਲਾ ਮਨਾਉਣ ਦੌਰਾਨ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਣ ਤੋਂ ਰੋਕਣ ਲਈ, ਸੂਬੇ ਵਿਚ ਟ੍ਰੈਕਟਰਾਂ ਅਤੇ ਟਰੱਕਾਂ ‘ਤੇ ਸਪੀਕਰਾਂ ਦੀ ਵਰਤੋਂ ‘ਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਗਈ ਏ । ਸਰਕਾਰੀ ਹਦਾਇਤਾਂ ਮੁਤਾਬਕ ਟ੍ਰੈਫਿਕ ਨੇਮਾਂ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਤੋਂ ਆਵਾਜ਼ ਪ੍ਰਦੂਸ਼ਣ ਕਰਨ ਵਾਲੇ ਸਪੀਕਰਾਂ ਨੂੰ ਉਤਾਰ ਕੇ ਅੱਗੇ ਜਾਣ ਦਿੱਤਾ ਜਾਵੇਗਾ। ਰੂਪਨਗਰ ਦੇ ਐੱਸ.ਐੱਸ.ਪੀ ਗੁਲਨੀਤ ਸਿੰਘ ਨੇ ਖੁਰਾਣਾ ਦੱਸਿਆ ਕਿ ਪੰਜਾਬ ਸਰਕਾਰ ਨੇ ਸਾਰੇ ਜਿਲਿਆਂ ਦੇ ਪੁਲਿਸ ਪ੍ਰਸ਼ਾਸਨ ਨੂੰ ਇਸ ਬਾਰੇ ਹਿਦਾਇਤਾਂ ਜਾਰੀ ਕੀਤੀਆਂ ਨੇ ।

-----------------------------------------------------------

ਕ੍ਰਿਕੇਟ 'ਚ, ਭਾਰਤ ਨੇ ਬੀਤੀ ਰਾਤ ਦੁਬਈ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ ਵਿਚ ਨਿਊਜ਼ੀਲੈਂਡ ਨੂੰ 4 ਵਿਕਟਾਂ ਨਾਲ ਹਰਾ ਕੇ, ਤੀਜੀ ਵਾਰ ICC ਚੈਂਪੀਅਨਸ ਟਰਾਫੀ ਦਾ ਖਿਤਾਬ ਜਿੱਤ ਕੇ ਇਤਿਹਾਸ ਰੱਚ ਦਿੱਤਾ ਏ। ਕਪਤਾਨ ਰੋਹਿਤ ਸ਼ਰਮਾ ਨੂੰ Player of the Match ਅਤੇ ਨਿਊਜ਼ੀਲੈਂਡ ਦੇ Rachin Ravindra ਨੂੰ Player of the Series ਐਲਾਨਿਆ ਗਿਆ।ਭਾਰਤ ਨੇ ਇਸ ਤੋਂ ਪਹਿਲਾਂ 2002 ਅਤੇ 2013 ਵਿੱਚ ਇਹ ਟੂਰਨਾਮੈਂਟ ਜਿੱਤਿਆ ਸੀ।

-----------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ICC ਚੈਂਪੀਅਨਜ਼ ਟਰਾਫੀ ਜਿੱਤਣ 'ਤੇ ਭਾਰਤੀ ਕ੍ਰਿਕਟ ਟੀਮ ਨੂੰ ਵਧਾਈ ਦਿੱਤੀ ਏ। ਇਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਏ ਕਿ, ਭਾਰਤ ਤਿੰਨ ਵਾਰ ਚੈਂਪੀਅਨਜ਼ ਟਰਾਫੀ ਜਿੱਤਣ ਵਾਲੀ ਇੱਕੋਂ ਇੱਕ ਟੀਮ ਬਣ ਗਈ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਰਤੀ ਟੀਮ ਦੀ ਜਿੱਤ ਨੂੰ ਅਸਾਧਾਰਨ ਦੱਸਦਿਆਂ, ਇਸ ਦੀ ਸ਼ਲਾਘਾ ਕੀਤੀ। ਸ਼੍ਰੀ

ਮੋਦੀ ਨੇ ਕਿਹਾ ਕਿ ਟੀਮ ਨੇ ਪੂਰੇ ਟੂਰਨਾਮੈਂਟ ਦੌਰਾਨ ਸ਼ਾਨਦਾਰ ਕਾਰਗੁਜ਼ਾਰੀ ਦਾ ਵਿਖਾਲਾ ਕੀਤਾ।

----------------------------------------------------

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸੰਗੀਤ ਵਿਭਾਗ ਵੱਲੋਂ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਦੇ ਸਹਿਯੋਗ ਨਾਲ 3 ਰੋਜ਼ਾ ਅੰਤਰਰਾਸ਼ਟਰੀ ਕਾਨਫ਼ਰੰਸ ਕਰਵਾਈ ਜਾ ਰਹੀ ਏ। ਭਲਕੇ 11 ਤੋਂ 13 ਮਾਰਚ ਤੱਕ ਚੱਲਣ ਵਾਲ਼ੀ ਇਸ ਕਾਨਫ਼ਰੰਸ ਦਾ ਵਿਸ਼ਾ 'ਪੰਜਾਬ ਦੀ ਸੰਗੀਤ ਪਰੰਪਰਾ: ਵਿਰਸਾ, ਵਰਤਮਾਨ ਤੇ ਭਵਿੱਖਮੁਖੀ ਦਿਸ਼ਾ' ਰੱਖਿਆ ਗਿਆ ਏ।

----------------------------------------------------

ਪੰਜਾਬ ਵਿਚ ਪੱਛਮੀ ਗੜਬੜੀ ਕੱਲ੍ਹ ਤੋਂ ਸਰਗਰਮ ਹੋ ਗਈ ਏ ਪਰ ਇਸ ਦਾ ਅਸਰ ਮੈਦਾਨੀ ਇਲਾਕਿਆਂ ਵਿਚ 12 ਮਾਰਚ ਤੋਂ ਦੇਖਣ ਨੂੰ ਮਿਲੇਗਾ। ਮੌਸਮ ਵਿਗਿਆਨ ਕੇਂਦਰ ਮੁਤਾਬਕ ਪੱਛਮੀ ਗੜਬੜੀ ਦਾ ਅਸਰ ਉੱਚੀਆਂ ਪਹਾੜੀਆਂ ‘ਤੇ ਨਜ਼ਰ ਆਉਣ ਲੱਗਾ ਹੈ। 15 ਮਾਰਚ ਤੱਕ ਬਾਰਿਸ਼ ਤੇ ਬਰਫਬਾਰੀ ਦੇ ਆਸਾਰ ਨੇ। ਪੰਜਾਬ ਦੇ ਮੈਦਾਨੀ ਇਲਾਕਿਆਂ ਵਿਚ 12 ਮਾਰਚ ਤੋਂ ਮੀਂਹ ਪੈਣ ਦੀ ਸੰਭਾਵਨਾ ਏ।